ੴ ਸਤਿਗੁਰ ਪ੍ਰਸਾਦਿ ॥ ਦੇਵਗੰਧਾਰੀ ਮਹਲਾ ੫ ॥ ਅਪੁਨੇ ਸਤਿਗੁਰ ਪਹਿ ਬਿਨਉ ਕਹਿਆ ॥ ਭਏ ਕ੍ਰਿਪਾਲ ਦਇਆਲ ਦੁਖ ਭੰਜਨ ਮੇਰਾ ਸਗਲ ਅੰਦੇਸਰਾ ਗਇਆ ॥ ਰਹਾਉ ॥ ਹਮ ਪਾਪੀ ਪਾਖੰਡੀ ਲੋਭੀ ਹਮਰਾ ਗੁਨੁ ਅਵਗੁਨੁ ਸਭੁ ਸਹਿਆ ॥ ਕਰੁ ਮਸਤਕਿ ਧਾਰਿ ਸਾਜਿ ਨਿਵਾਜੇ ਮੁਏ ਦੁਸਟ ਜੋ ਖਇਆ ॥੧॥ ਪਰਉਪਕਾਰੀ ਸਰਬ ਸਧਾਰੀ ਸਫਲ ਦਰਸਨ ਸਹਜਇਆ ॥ ਕਹੁ ਨਾਨਕ ਨਿਰਗੁਣ ਕਉ ਦਾਤਾ ਚਰਣ ਕਮਲ ਉਰ ਧਰਿਆ ॥੨॥੨੪॥ {ਪੰਨਾ 533}

ਪਦਅਰਥ:- ਪਹਿ—ਪਾਸ। ਬਿਨਉ—{ivnX} ਬੇਨਤੀ। ਦੁਖ ਭੰਜਨ—ਦੁੱਖਾਂ ਦੇ ਨਾਸ ਕਰਨ ਵਾਲੇ ਪ੍ਰਭੂ ਜੀ। ਰਹਾਉ।

ਸਭੁ—ਸਾਰਾ। ਸਹਿਆ—ਸਹਾਰਿਆ। ਕਰੁ—ਹੱਥ {ਇਕ-ਵਚਨ}। ਮਸਤਕਿ—ਮੱਥੇ ਉੱਤੇ। ਧਾਰਿ—ਰੱਖ ਕੇ। ਸਾਜਿ ਨਿਵਾਜੇ—ਪੈਦਾ ਕਰ ਕੇ ਸਵਾਰਦਾ ਹੈ। ਜੋ—ਜੇਹੜੇ। ਖਇਆ—ਨਾਸ ਕਰਨ ਵਾਲੇ।1।

ਸਰਬ ਸਧਾਰੀ—ਸਭ ਜੀਵਾਂ ਨੂੰ ਸਹਾਰਾ ਦੇਣ ਵਾਲਾ। ਸਹਜਇਆ—ਆਤਮਕ ਅਡੋਲਤਾ ਦੇਣ ਵਾਲਾ। ਉਰ—ਹਿਰਦਾ।2।

ਅਰਥ:- ਹੇ ਭਾਈ! ਜਦੋਂ ਮੈਂ ਆਪਣੇ ਗੁਰੂ ਪਾਸ ਅਰਜ਼ੋਈ ਕਰਨੀ ਸ਼ੁਰੂ ਕੀਤੀ, ਤਾਂ ਦੁੱਖਾਂ ਦੇ ਨਾਸ ਕਰਨ ਵਾਲੇ ਪਿਆਰੇ ਪ੍ਰਭੂ ਜੀ ਮੇਰੇ ਉੱਤੇ ਦਇਆਵਾਨ ਹੋਏ (ਪ੍ਰਭੂ ਜੀ ਦੀ ਕਿਰਪਾ ਨਾਲ) ਮੇਰਾ ਸਾਰਾ ਚਿੰਤਾ-ਫ਼ਿਕਰ ਦੂਰ ਹੋ ਗਿਆ। ਰਹਾਉ।

ਹੇ ਭਾਈ! ਅਸੀਂ ਜੀਵ ਪਾਪੀ ਹਾਂ, ਪਖੰਡੀ ਹਾਂ, ਲੋਭੀ ਹਾਂ (ਪਰਮਾਤਮਾ ਇਤਨਾ ਦਇਆਵਾਨ ਹੈ ਕਿ ਉਹ) ਸਾਡਾ ਹਰੇਕ ਗੁਣ ਔਗੁਣ ਸਹਾਰਦਾ ਹੈ। ਜੀਵਾਂ ਨੂੰ ਪੈਦਾ ਕਰ ਕੇ ਉਹਨਾਂ ਦੇ ਮੱਥੇ ਉਤੇ ਹੱਥ ਰੱਖ ਕੇ ਉਹਨਾਂ ਦੇ ਜੀਵਨ ਸਵਾਰਦਾ ਹੈ (ਜਿਸ ਦੀ ਬਰਕਤਿ ਨਾਲ ਕਾਮਾਦਿਕ) ਵੈਰੀ, ਜੋ ਆਤਮਕ ਜੀਵਨ ਦਾ ਨਾਸ ਕਰਨ ਵਾਲੇ ਹਨ, ਮੁੱਕ ਜਾਂਦੇ ਹਨ।1।

ਹੇ ਭਾਈ! ਪ੍ਰਭੂ ਜੀ ਪਰ-ਉਪਕਾਰੀ ਹਨ, ਸਾਰੇ ਜੀਵਾਂ ਨੂੰ ਆਸਰਾ ਦੇਣ ਵਾਲੇ ਹਨ, ਪ੍ਰਭੂ ਦਾ ਦੀਦਾਰ ਮਨੁੱਖਾ ਜੀਵਨ ਦਾ ਫਲ ਦੇਣ ਵਾਲਾ ਹੈ, ਆਤਮਕ ਅਡੋਲਤਾ ਦੀ ਦਾਤਿ ਕਰਨ ਵਾਲਾ ਹੈ।

ਹੇ ਨਾਨਕ: ਆਖ—ਪ੍ਰਭੂ ਗੁਣ-ਹੀਨ ਜੀਵਾਂ ਨੂੰ ਭੀ ਦਾਤਾਂ ਦੇਣ ਵਾਲਾ ਹੈ। ਮੈਂ ਉਸ ਦੇ ਸੋਹਣੇ ਕੋਮਲ ਚਰਨ (ਗੁਰੂ ਦੀ ਕਿਰਪਾ ਨਾਲ ਆਪਣੇ) ਹਿਰਦੇ ਵਿਚ ਟਿਕਾ ਲਏ ਹਨ।2। 24।